## ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਪੈਨਸ਼ਨ ਧਾਰਕ ਆਪਣੇ ਖਾਤੇ ਨੂੰ ਆਧਾਰ ਕਾਰਡ ਨਾਲ ਲਿੰਕ ਕਰਵਾਉਣਾ ਬਣਾਉਣ ਯਕੀਨੀਃਡੀ.ਸੀ.

## ਸੂਬਾ ਸਰਕਾਰ ਵੱਲੋਂ 500 ਰੁਪਏ ਤੋਂ ਵਧਾ ਕੇ 750 ਰੁਪਏ ਪ੍ਰਤੀ ਮਹੀਨਾ ਕੀਤੀ ਗਈ ਪੈਨਸ਼ਨ

ਫਾਜ਼ਿਲਕਾ 20 ਸਤੰਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਜੁਲਾਈ 2017 ਤੋਂ ਪੈਨਸ਼ਨ ਅਤੇ ਵਿੱਤੀ ਸਹਾਇਤਾ ਦੀ ਦਰ ਵਿੱਚ ਵਾਧਾ ਕਰਦੇ ਹੋਏ 500 ਰੁਪਏ ਤੋਂ 750 ਰੁਪਏ ਕਰ ਦਿੱਤੀ ਗਈ ਹੈ। ਪੈਨਸ਼ਨ ਯੋਗ ਪੈਨਸ਼ਨ ਧਾਰਕਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਹੋਵੇਗੀ। ਇਸ ਲਈ ਜ਼ਿਲ੍ਹੇ ਦਾ ਹਰ ਯੋਗ ਪੈਨਸ਼ਨ ਧਾਰਕ ਆਪਣੇ ਬੈਂਕ ਖਾਤੇ ਨੂੰ ਆਧਾਰ ਕਾਰਡ ਨਾਲ ਲਿੰਕ ਕਰਵਾਉਣਾ ਹਰ ਹਾਲਤ ਵਿੱਚ ਯਕੀਨੀ ਬਣਾਉਣ ਤਾਂ ਜ਼ੋ ਉਨ੍ਹਾਂ ਨੂੰ ਪੈਨਸ਼ਨ ਲੈਣ ਵਿੱਚ ਕਿਸੇ ਤਰ੍ਹਾਂ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।

ਡਿਪਟੀ ਕਮਿਸ਼ਨਰ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੌਜੂਦਾ ਸਰਕਾਰ ਵੱਲੋਂ ਵੱਖ-ਵੱਖ ਤਰ੍ਹਾਂ ਦੀਆਂ ਪੈਨਸ਼ਨਾਂ ਬੁਢਾਪਾ ਪੈਨਸ਼ਨ, ਵਿਧਵਾ ਤੇ ਬੇਘਰ ਨਿਆਸਰਿਤ ਇਸਤਰੀਆਂ ਸਬੰਧੀ ਪੈਨਸ਼ਨ ਤੇ ਅਪੰਗ ਵਿਅਕਤੀਆਂ ਤੇ ਆਸ਼ਰਿਤ ਬੱਚਿਆਂ ਦੀ ਮਾਲੀ ਅਤੇ ਵਿਤੀ ਸਹਾਇਤਾ ਦੀ ਦਰ ਵਿੱਚ ਵਾਧਾ ਕਰਦੇ ਹੋਏ 500 ਰੁਪਏ ਪ੍ਰਤੀ ਮਹੀਨਾ ਤੋਂ 750 ਰੁਪਏ ਪ੍ਰਤੀ ਮਹੀਨਾ ਵਾਧਾ ਕੀਤਾ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਪੈਨਸ਼ਨਾਂ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਸਮੇਂ ਅਨੁਸਾਰ ਭੇਜੀਆਂ ਜਾ ਰਹੀਆਂ ਹਨ।

ਡਿਪਟੀ ਕਮਿਸ਼ਨਰ ਨੇ ਯੋਗ ਲਾਭਪਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਬੈਂਕ ਖਾਤੇ ਨੂੰ ਆਧਾਰ ਕਾਰਡ ਨਾਲ ਜਲਦ ਤੋਂ ਜਲਦ ਲਿੰਕ ਕਰਵਾਉਣ ਤਾਂ ਜ਼ੋ ਉਨ੍ਹਾਂ ਨੂੰ ਸਮੇਂ ਸਿਰ ਪੈਨਸ਼ਨ ਮੁਹੱਈਆ ਕਰਵਾਈ ਜਾ ਸਕੇ।